# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :19-08-2025**

## ਪਹਿਲਾ ਬੁਲੇਟਿਨ ਦੀਆਂ ਖ਼ਾਸ ਖ਼ਬਰਾਂ...

- ਭਾਜਪਾ ਦੇ ਬੁਲਾਰੇ ਸਈਦ ਜ਼ਫਰ ਇਸਲਾਮ ਨੇ ਅੱਜ ਦਾਅਵਾ ਕੀਤਾ ਏ ਕਿ ਵਿਸ਼ਵ ਵਿਆਪੀ ਉਤਰ ਚੜ੍ਹਾਅ ਦਰਮਿਆਨ ਭਾਰਤ ਸਭ ਤੋਂ ਘੱਟ ਪ੍ਰਭਾਵਿਤ ਰਹੇਗਾ ।

- ਪੰਜਾਬ ਦੇ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਸੂਬੇ ਦੇ ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਬਾਰੇ ਉੱਚ-ਪੱਧਰੀ ਮੀਟਿੰਗ ‘ਚ ਸਥਿਤੀ ਦਾ ਜਾਇਜ਼ਾ ਲਿਆ. ਭਾਖੜਾ ਬਿਆਸ ਪ੍ਰਬੰਧਨ ਬੋਰਡ ਵਲੋਂ ਫਲਡ ਗੇਟ ਖੋਲ੍ਹਣ ਦਾ ਫੈਸਲਾ –

ਰੂਪਨਗਰ ਦੇ ਡਿਪਟੀ ਕਮਿਸ਼ਨਰ ਨੇ  ਕਿਹਾ ਘਬਰਾਉਣ ਦੀ ਲੋੜ੍ਹ ਨਹੀਂ.

- ਕਪੂਰਥਲਾ ਜ਼ਿਲ੍ਹੇ ਵਿੱਚ ਬਿਆਸ ਦਰਿਆ ਦੇ ਕੰਢੇ ਬਣੇ ਧੁੱਸੀ ਬੰਨ੍ਹ ਤੇ ਐਂਡਵਾਂਸ ਬੰਨ੍ਹ ਪੂਰੀ ਤਰ੍ਹਾਂ ਸੁਰੱਖਿਅਤ. ਬਿਆਸ ਵਿਚ ਪਾਣੀ ਦੇ ਪੱਧਰ ਦੇ ਵਧਣ ਕਾਰਨ ਪ੍ਰਭਾਵਿਤ ਖੇਤਰਾਂ ਵਿਚ ਤੁਰੰਤ ਫੌਗਿੰਗ ਕਰਵਾਉਣ ਦੇ ਨਿਰਦੇਸ਼ ਦਿੱਤੇ ਗਏ.

- ਪੰਜਾਬ ਦੇ ਰਾਜਪਾਲ ਅਤੇ ਪੰਜਾਬੀ ਯੂਨੀਵਰਸਿਟੀ, Patiala ਦੇ ਚਾਂਸਲਰ ਸ੍ਰੀ. ਗੁਲਾਬ ਚੰਦ ਕਟਾਰੀਆ ਨੇ ਦੋ ਰੋਜ਼ਾ ਸੰਸਕ੍ਰਿਤ ਗੋਸ਼ਟੀ ਦੇ ਉਦਘਾਟਨੀ ਸੈਸ਼ਨ ਨੂੰ ਸੰਬੋਧਨ ਕੀਤਾ. ਓਹਨਾਂ ਕਿਹੈ ਕਿ ਅਤੀਤ ਨਾਲ਼ ਜੁੜੇ ਰਹਿ ਕੇ ਹੀ ਅਸੀਂ ਸਮਰੱਥ ਰਹਿ ਸਕਦੇ ਹਾਂ।

- ਯੂਏਈ ਵਿੱਚ ਹੋਣ ਵਾਲੇ ਏਸ਼ੀਆ ਕੱਪ ਲਈ twenty -20 ਟੀਮ ਦੀ ਕਪਤਾਨੀ ਸੂਰਿਆਕੁਮਾਰ ਯਾਦਵ ਕਰਨਗੇ . ਭਾਰਤ ਦੇ ਟੈਸਟ ਕਪਤਾਨ ਸ਼ੁਭਮਨ ਗਿੱਲ ਦੀ twenty -20 ਅੰਤਰਰਾਸ਼ਟਰੀ ਕ੍ਰਿਕੇਟ ਵਿੱਚ ਵਾਪਸੀ . ਏਸ਼ੀਆ ਕੱਪ ਲਈ ਉਪ-ਕਪਤਾਨ ਨਿਯੁਕਤ ਕੀਤਾ ਗਿਆ।

## ਹੁਣ ਖਬਰਾਂ ਵਿਸਥਾਰ ਨਾਲ.....

ਭਾਜਪਾ ਦੇ ਬੁਲਾਰੇ ਸਈਦ ਜ਼ਫਰ ਇਸਲਾਮ ਨੇ ਅੱਜ ਦਾਅਵਾ ਕੀਤਾ ਏ ਕਿ ਦੁਨੀਆ ਜਿਸ ਗੁੰਝਲਦਾਰ ਟੈਰਿਫ ਦ੍ਰਿਸ਼ ਵਿੱਚੋਂ ਲੰਘ ਰਹੀ ਏ, ਉਸ ਵਿੱਚ ਭਾਰਤ ਸਭ ਤੋਂ ਘੱਟ ਪ੍ਰਭਾਵਿਤ ਰਹੇਗਾ। ਸ੍ਰੀ ਇਸਲਾਮ ਨੇ ਇਹ ਗੱਲ ਨਵੀਂ ਦਿੱਲੀ ਵਿੱਚ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਹੀ। ਬੁਲਾਰੇ ਨੇ ਕਿਹਾ ਕਿ ਭਾਰਤੀ ਆਰਥਿਕਤਾ ਹੋਰ ਵੱਡੀਆਂ ਆਰਥਿਕਤਾਵਾਂ ਦੇ ਉਲਟ ਸਥਿਰ ਰਹੇਗੀ, ਜੋ ਬਰਾਮਦ 'ਤੇ ਬਹੁਤ ਜ਼ਿਆਦਾ ਨਿਰਭਰ ਸਨ। ਉਨ੍ਹਾਂ ਕਿਹਾ ਕਿ ਭਾਰਤ ਦੀ ਵਿਕਾਸ ਦਰ ਇਸ ਸਮੇਂ ਉੱਪਰ ਵੱਲ ਵਧ ਰਹੀ ਏ, ਅਤੇ ਇਹ S&P ਵਰਗੀਆਂ ਆਲਮੀ

ਸੰਸਥਾਵਾਂ ਦੀਆਂ ਰੇਟਿੰਗਾਂ ਤੋਂ ਸਪੱਸ਼ਟ ਏ. S&P ਨੇ ਹਾਲ ਹੀ ਵਿੱਚ ਭਾਰਤ ਦੀ ਲੰਮੇ ਸਮੇਂ ਦੀ sovereign credit rating ਨੂੰ 'BBB MINUS ' ਤੋਂ ਵਧਾ ਕੇ 'BBB' ਕਰ ਦਿੱਤਾ ਏ । ਉਨ੍ਹਾਂ ਨੇ ਅੰਤਰਰਾਸ਼ਟਰੀ ਮਾਲੀ ਫੰਡ ਵਲੋਂ ਵਿਸ਼ਵਵਿਆਪੀ ਅਨਿਸ਼ਚਿਤਤਾਵਾਂ ਦੇ ਬਾਵਜੂਦ 2025 ਅਤੇ 2026 ਦੋਵਾਂ ਲਈ ਭਾਰਤ ਦੇ ਆਰਥਿਕ ਵਿਕਾਸ ਨੂੰ 6.4 ਫੀਸਦੀ ਕਰਨ ਦੇ ਸੋਧ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਇਹ ਵੀ ਦੱਸਿਆ ਕਿ ਸ੍ਰੀ ਮੋਦੀ ਦੀ ਅਗਵਾਈ ਵਾਲੀ ਐਨਡੀਏ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਲਗਭਗ 17.5 ਕਰੋੜ ਨੌਕਰੀਆਂ ਪੈਦਾ ਕੀਤੀਆਂ ਨੇ. ਖੁਰਾਕ ਮਹਿੰਗਾਈ ਨੂੰ ਘਟਾਉਣ ਲਈ ਸਰਕਾਰ ਦੀਆਂ ਕੋਸ਼ਿਸ਼ਾਂ ਨੂੰ ਉਜਾਗਰ ਕਰਦੇ ਹੋਏ, ਉਨ੍ਹਾਂ ਕਿਹਾ ਕਿ ਅਮਰੀਕਾ ਅਤੇ ਬਰਤਾਨੀਆ ਵਰਗੇ ਦੇਸ਼ਾਂ ਵਿੱਚ ਵਾਧੇ ਦੇ ਬਾਵਜੂਦ ਭਾਰਤ ਵਿੱਚ ਮਹਿੰਗਾਈ ਘੱਟ ਰਹੀ ਏ। ਉਨ੍ਹਾਂ ਕਿਹਾ ਕਿ ਹਾਲਾਂਕਿ ਮਹਿੰਗਾਈ ਦੇ ਅੰਕੜੇ ਉਤਰਾਅ-ਚੜ੍ਹਾਅ ਕਰਦੇ ਰਹਿੰਦੇ ਨੇ, ਪਰ ਇਹ ਮੁੱਖ ਤੌਰ 'ਤੇ ਮੌਸਮੀ ਕਾਰਕਾਂ ਕਾਰਨ ਏ । ਬੁਲਾਰੇ ਨੇ ਅੱਗੇ ਕਿਹਾ ਕਿ ਬਜਟ ਵਿੱਚ ਖੇਤੀਬਾੜੀ

ਵੰਡ ਵਧਾਉਣ ਵਰਗੇ ਯਤਨ ਕਿਸਾਨਾਂ ਦੀ ਕਮਾਈ ਵਧਾਉਣ ਲਈ ਸਹੀ ਦਿਸ਼ਾ ਵਿੱਚ ਕਦਮ ਨੇ.

------------------------------------------------------------

ਪੰਜਾਬ ਦੇ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਸੂਬੇ ਦੇ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਹੜ੍ਹਾਂ ਦੀ ਸਥਿਤੀ ਬਾਰੇ ਸਮੀਖਿਆ ਕਰਨ ਲਈ ਉੱਚ-ਪੱਧਰੀ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਹੁਸ਼ਿਆਰਪੁਰ, ਤਰਨ ਤਾਰਨ, ਕਪੂਰਥਲਾ, ਫ਼ਿਰੋਜ਼ਪੁਰ ਅਤੇ ਫ਼ਾਜ਼ਿਲਕਾ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਸਮੇਤ ਡਰੇਨੇਜ ਵਿਭਾਗ ਦੇ ਸਾਰੇ ਕਾਰਜਕਾਰੀ ਇੰਜੀਨੀਅਰ (ਐਕਸੀਅਨ) ਅਤੇ ਸੁਪਰਡੈਂਟ ਇੰਜੀਨੀਅਰ (ਐਸ.ਈ.) ਸ਼ਾਮਲ ਹੋਏ। ਸਮੀਖਿਆ ਮੀਟਿੰਗ ਦੌਰਾਨ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਸਾਰੇ ਦਰਿਆਵਾਂ ਦੇ ਕੰਢਿਆਂ 'ਤੇ ਦਿਨ-ਰਾਤ ਨਿਰੰਤਰ ਚੌਕਸੀ ਰੱਖਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਗੁਆਂਢੀ ਸੂਬੇ ਹਿਮਾਚਲ ਪ੍ਰਦੇਸ਼ ਦੇ ਉੱਪਰਲੇ ਇਲਾਕਿਆਂ ਵਿੱਚ ਲਗਾਤਾਰ ਹੋ ਰਹੀ ਬਾਰਿਸ਼ ਕਾਰਨ ਪੰਜਾਬ ਦੇ ਦਰਿਆਵਾਂ ਵਿੱਚ ਪਾਣੀ ਦਾ ਪੱਧਰ ਵੱਧ ਗਿਆ ਏ, ਇਸ ਲਈ ਹੜ੍ਹਾਂ ਦੀ ਸਥਿਤੀ ਬਾਰੇ ਚੌਕਸੀ ਵਧਾਈ ਜਾਵੇ ।

ਕੈਬਨਿਟ ਮੰਤਰੀ ਨੇ ਦੁਹਰਾਇਆ ਕਿ ਹੜ੍ਹਾਂ ਕਾਰਨ ਪ੍ਰਭਾਵਿਤ ਆਬਾਦੀ ਲਈ ਆਸਰਾ, ਭੋਜਨ ਅਤੇ ਡਾਕਟਰੀ ਸਹਾਇਤਾ ਸਮੇਤ ਜ਼ਰੂਰੀ ਸਹੂਲਤਾਂ ਨਾਲ ਲੈਸ ਢੁਕਵੇਂ ਰਾਹਤ ਕੈਂਪ ਯਕੀਨੀ ਬਣਾਏ ਜਾਣ।

-----------------------------------------------------------

ਇਸ ਦੌਰਾਨ, ਅਧਿਕਾਰਤ ਹਲਕਿਆਂ ਨੇ ਕਿਹਾ ਏ ਕਿ ਚੰਡੀਗੜ੍ਹ/ਡੇਰਾਬੱਸੀ ਦੇ ਉੱਪਰਲੇ ਇਲਾਕਿਆਂ ਵਿੱਚ ਭਾਰੀ ਬਾਰਿਸ਼ ਕਾਰਨ ਘੱਗਰ ਦਰਿਆ ਵਿੱਚ ਪਾਣੀ ਦਾ ਪੱਧਰ ਅਗਲੇ 10 ਤੋਂ 12 ਘੰਟਿਆਂ ਵਿੱਚ ਵਧੇਗਾ। ਚੰਡੀਗੜ੍ਹ ਖੇਤਰ ਵਿੱਚ ਇਹ ਪੱਧਰ ਅਚਾਨਕ 8 ਫੁੱਟ ਤੱਕ ਵੱਧ ਗਿਆ ਸੀ ।

-----------------------------------------------------------

ਉਧਰ ਡਰੇਨੇਜ ਵਿਭਾਗ ਦੇ ਐਕਸੀਅਨ ਸਰਤਾਜ ਸਿੰਘ ਨੇ ਸਪੱਸ਼ਟ ਕੀਤਾ ਏ ਕਿ ਕਪੂਰਥਲਾ ਜ਼ਿਲ੍ਹੇ ਵਿੱਚ ਬਿਆਸ ਦਰਿਆ ਦੇ ਕੰਢੇ ਬਣੇ ਧੁੱਸੀ ਬੰਨ੍ਹ ਤੇ ਐਡਵਾਂਸ ਬੰਨ੍ਹ ਪੂਰੀ ਤਰ੍ਹਾਂ ਸੁਰੱਖਿਅਤ ਨੇ ਤੇ ਉਨ੍ਹਾਂ ਨੂੰ ਕਿਸੇ ਕਿਸਮ ਦਾ ਖ਼ਤਰਾ ਨਹੀਂ ਏ । ਉਨ੍ਹਾਂ ਕਿਹਾ ਕਿ ਡਰੇਨੇਜ ਵਿਭਾਗ ਵੱਲੋਂ ਜਿੱਥੇ ਦਿਨ ਵੇਲੇ ਬੰਨ੍ਹਾਂ ਦੀ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ

ਏ , ਉੱਥੇ ਹੀ ਰਾਤ ਵੇਲੇ ਵੀ ਘੱਟੋ ਘੱਟ ਐਸ ਡੀ ਓ ਦੇ ਪੱਧਰ ਦੇ ਅਧਿਕਾਰੀਆਂ ਦੀ ਅਗਵਾਈ ਹੇਠ ਗਸ਼ਤ ਕੀਤੀ ਜਾ ਰਹੀ ਏ। ਇਸ ਤੋਂ ਇਲਾਵਾ ਇਹਤਿਆਤੀ ਤੌਰ ਤੇ ਖਿਜਰਪੁਰ ਨੇੜੇ ਐਡਵਾਂਸ ਬੰਨ੍ਹ ਉੱਪਰ ਮਿੱਟੀ ਦੇ ਬੋਰੇ ਤੇ ਪੱਥਰ ਦੇ ਕਰੇਟ ਲਾਉਣ ਦਾ ਕੰਮ ਚੱਲ ਰਿਹਾ ਏ. ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਧੁੱਸੀ ਬੰਨ੍ਹਾਂ ਉਪਰ ਮਿੱਟੀ ਦੇ ਲਗਭਗ 20 ਹਜ਼ਾਰ ਬੋਰੇ ਭਰਕੇ ਸੰਵੇਦਨਸ਼ੀਲ ਥਾਵਾਂ ਉਪਰ ਰੱਖੇ ਨੇ ਜਿਸ ਵਿੱਚ ਮੁੱਖ ਤੌਰ ਤੇ ਅੰਮ੍ਰਿਤਪੁਰ ਤੇ ਬੁਤਾਲਾ ਆਦਿ ਸ਼ਾਮਲ ਨੇ। ਨਾਲ ਹੀ ਪੌਂਗ ਡੈਮ ਤੇ ਬਿਆਸ ਦਰਿਆ ਦੇ ਕੈਚਮੈਂਟ ਵਿੱਚ ਪੈਂਦੇ ਨਾਲਿਆਂ , ਬਰਸਾਤੀ ਚੋਆਂ ਵੱਲੋਂ ਦਰਿਆ ਵਿੱਚ ਆ ਰਹੇ ਪਾਣੀ ਬਾਰੇ ਕਰੜੀ ਨਿਗਰਾਨੀ ਰੱਖੀ ਜਾ ਰਹੀ ਏ। ਇਸ ਤਹਿਤ ਹਰ ਘੰਟੇ ਬਾਅਦ, ਜ਼ਮੀਨੀ ਪੱਧਰ ਉੱਪਰ ਕੰਮ ਕਰ ਰਹੇ ਅਧਿਕਾਰੀਆਂ ਨਾਲ ਰਿਪੋਰਟ ਸਾਂਝੀ ਕੀਤੀ ਜਾ ਰਹੀ ਏ । ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਅਫ਼ਵਾਹ ਉਪਰ ਯਕੀਨ ਨਾ ਕਰਨ ਤੇ ਸਟੀਕ ਜਾਣਕਾਰੀ ਲਈ ਅਧਿਕਾਰਤ ਹਲਕਿਆਂ ਦੀ ਹੀ ਵਰਤੋਂ ਕਰਨ |

---------------------------------------------------------

ਇਸ ਦੌਰਾਨ ਕਪੂਰਥਲਾ ਦੇ ਡਿਪਟੀ ਕਮਿਸ਼ਨਰ ਸ੍ਰੀ ਅਮਿਤ ਕੁਮਾਰ ਪੰਚਾਲ ਵਲੋਂ ਅੱਜ ਬਿਆਸ ਵਿਚ ਪਾਣੀ ਦੇ ਪੱਧਰ ਦੇ ਵਧਣ ਕਾਰਨ ਪ੍ਰਭਾਵਿਤ ਖੇਤਰਾਂ ਵਿਚ ਤੁਰੰਤ ਫੌਗਿੰਗ ਕਰਵਾਉਣ ਦੇ ਨਿਰਦੇਸ਼ ਦਿੱਤੇ ਗਏ ਨੇ. ਇਸ ਤੋਂ ਇਲਾਵਾ ਪਾਣੀ ਨਾਲ ਹੋਣ ਵਾਲੀਆਂ ਬੀਮਾਰਿਆਂ ਦੀ ਰੋਕਥਾਮ ਲਈ ਸਿਹਤ ਵਿਭਾਗ ਨੂੰ ਤੁਰੰਤ ਹੋਰ ਅਸਰਦਾਰ ਢੰਗ ਨਾਲ ਲੋਕਾਂ ਤੱਕ ਪਹੁੰਚ ਕਰਨ ਲਈ ਕਿਹਾ ਗਿਆ ਏ । ਅੱਜ ਇੱਥੇ ਰਾਹਤ ਕਾਰਜਾਂ ਦਾ ਜਾਇਜ਼ਾ ਲੈਂਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ SDRF ਦੀਆਂ ਟੀਮਾਂ ਦੇ ਨਾਲ ਜਾ ਕੇ ਸਿਹਤ ਵਿਭਾਗ ਵਲੋਂ ਫੋਗਿੰਗ ਯਕੀਨੀ ਬਣਾਈ ਜਾਵੇ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਡਾਇਰੀਆ, ਬੁਖਾਰ, ਤੇ ਚਮੜੀ ਦੇ ਰੋਗਾਂ ਤੋਂ ਬਚਾਅ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਦੇ ਨਾਲ-ਨਾਲ ਲੋੜ ਅਨੁਸਾਰ ਦਵਾਈਆਂ ਮੁਹੱਈਆ ਕਰਵਾਈਆਂ ਜਾਣ। ਉਨ੍ਹਾਂ ਪਸ਼ੂਆਂ ਦੇ ਇਲਾਜ, ਸੁੱਕੇ ਚਾਰੇ ਦੀ ਸਪਲਾਈ ਦੀ ਸਮੀਖਿਆ ਕਰਦਿਆਂ ਕਿਹਾ ਕਿ ਲੋੜ ਅਨੁਸਾਰ ਹੋਰ ਕੈਟਲਫੀਡ ਵੀ ਮਾਰਕਫੈੱਡ ਤੋਂ ਮੰਗਵਾ ਕੇ ਪ੍ਰਭਾਵਿਤ ਲੋਕਾਂ ਨੂੰ ਮੁਹੱਈਆ ਕਰਵਾਉਣੀ ਯਕੀਨੀ ਬਣਾਈ ਜਾਵੇ।

---

ਜੰਮੂ-ਕਸ਼ਮੀਰ ਵਿੱਚ ਬੱਦਲ ਫਟਣ ਨਾਲ ਪਠਾਨਕੋਟ ਜ਼ਿਲ੍ਹੇ ਦੇ ਬਮਿਆਲ ਬਲਾਕ ਵਿੱਚ ਪੈਂਦੇ ਉੱਜ ਅਤੇ ਰਵੀ ਦਰਿਆ ਦਾ ਪੱਧਰ ਵਧਣ ਦੇ ਨਾਲ ਹੜ੍ਹ ਦੇ ਹਾਲਾਤ ਪੈਦਾ ਹੋ ਗਿਆ ਸਨ, ਪਰ ਅੱਜ ਬਾਰਿਸ਼ ਰੁਕਣ ਦੇ ਨਾਲ ਦੋਵਾਂ ਦਰਿਆਵਾਂ ਵਿੱਚ ਪਾਣੀ ਕਾ ਪੱਧਰ ਹੇਠਾਂ ਆ ਗਿਆ ਏ । ਇਸ ਦੇ ਨਾਲ ਹੀ ਹੜ੍ਹ ਕਰਨ ਪਿੰਡਾਂ ਵਿੱਚ ਦਾਖਿਲ ਹੋਇਆ ਦਰਿਆਵਾਂ ਦਾ ਪਾਣੀ ਨਿਕਲਨ ਕਾਰਨ ਲੋਕਾਂ ਨੇ ਰਾਹਤ ਦਾ ਸਾਹ ਲਿਆ ਏ । ਦੂਜੇ ਪਾਸੇ ਅੱਜ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਸਰਹੱਦੀ ਇਲਾਕੇ ਦਾ ਦੌਰਾ ਕਰ ਕੇ ਹੜ੍ਹ ਕਾਰਨ ਪ੍ਰਭਾਵਿਤ ਫਸਲਾਂ ਦਾ ਜਾਇਜਾ ਲਿਆ ਜਾ ਰਿਹਾ ਏ.

---

ਹਿਮਾਚਲ ਦੇ ਵਿੱਚ ਹੋ ਰਹੀ ਬਰਸਾਤ ਦੇ ਕਰਕੇ ਅਤੇ ਭਾਖੜਾ ਡੈਮ ਵਿੱਚ ਲਗਾਤਾਰ ਵੱਧ ਰਹੇ ਪਾਣੀ ਦੇ ਮੱਦੇ ਨਜ਼ਰ BBMB ਪ੍ਰਸ਼ਾਸਨ ਦੇ ਵੱਲੋਂ ਫਿਲਹਾਲ ਦੋ ਫੁੱਟ ਫਲੱਡ ਗੇਟ ਖੋਲਣ ਦਾ ਫੈਸਲਾ ਕੀਤਾ ਗਿਆ ਏ.

ਰੂਪਨਗਰ ਦੇ ਡੀਸੀ ਵਰਜਿਤ ਵਾਲੀਆ ਨੇ ਇਸ ਬਾਰੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ -

**Byte**

ਉਹਨਾਂ ਕਿਹਾ ਕਿ ਸਤਲੁਜ ਦਰਿਆ ਦੇ ਵਿੱਚ ਜੇਕਰ 45 ਹਜਾਰ ਕਿਉਸੇਕ ਪਾਣੀ ਵੀ ਛੱਡਿਆ ਜਾਵੇ ਤਾਂ ਵੀ ਘਬਰਾਉਣ ਦੀ ਕੋਈ ਲੋੜ ਨਹੀਂ ਹੁੰਦੀ।

---------------------------------------------------------------

ਮੌਸਮ ਵਿਭਾਗ ਨੇ ਅੱਜ ਤੋਂ 23 ਅਗਸਤ ਤਕ ਪੰਜਾਬ ਭਰ ਵਿਚ ਭੂਤ ਸਾਰੀਆਂ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਸਮੇਤ ਭਾਰੀ ਬਾਰਿਸ਼ ਪੈਣ ਦੀ ਪੇਸ਼ੀਨਗੋਈ ਕੀਤੀ ਏ. ਅੱਜ ਪਠਾਨਕੋਟ, ਗੁਰਦਾਸਪੁਰ , ਹੁਸ਼ਿਆਰਪੁਰ , 'ਚ ਭਾਰੀ ਅਤੇ ਕਪੂਰਥਲਾ, ਪਟਿਆਲਾ , ਲੁਧਿਆਣਾ, ਨਵਾਂ ਸ਼ਹਿਰ, sas ਨਗਰ, ਫਤਿਹਗੜ੍ਹ ਸਾਹਿਬ ਤੇ ਰੂਪਨਗਰ ਵਿਚ ਹਲਕੀ ਤੋਂ ਦਰਮਿਆਨੀ ਬਾਰਿਸ਼ ਦੀ ਸੰਭਾਵਨਾ ਜਤਾਈ ਏ.

--------------------------------------------------------------

ਪੰਜਾਬ ਦੇ ਰਾਜਪਾਲ ਅਤੇ ਪੰਜਾਬੀ ਯੂਨੀਵਰਸਿਟੀ, Patiala ਦੇ

ਚਾਂਸਲਰ ਸ੍ਰੀ. ਗੁਲਾਬ ਚੰਦ ਕਟਾਰੀਆ ਨੇ ਪੰਜਾਬੀ ਵਿਰਸੇ ਦੀ ਸੰਭਾਲ਼ ਪੱਖੋਂ ਪੰਜਾਬੀ ਯੂਨੀਵਰਸਿਟੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਤੀਤ ਨਾਲ਼ ਜੁੜੇ ਰਹਿ ਕੇ ਹੀ ਅਸੀਂ ਸਮਰੱਥ ਰਹਿ ਸਕਦੇ ਹਾਂ। ਪੰਜਾਬੀ ਯੂਨੀਵਰਸਿਟੀ ਦੇ ਸੰਸਕ੍ਰਿਤ ਅਤੇ ਪਾਲੀ ਵਿਭਾਗ ਵੱਲੋਂ ਕੇਂਦਰੀ ਸੰਸਕ੍ਰਿਤ ਯੂਨੀਵਰਸਿਟੀ ਨਵੀਂ ਦਿੱਲੀ ਅਤੇ 'ਸੰਸਕ੍ਰਿਤ ਭਾਰਤੀ ਪੰਜਾਬ' ਅਦਾਰੇ ਦੇ ਸਹਿਯੋਗ ਨਾਲ਼ ਕਰਵਾਈ ਜਾ ਰਹੀ ਦੋ ਰੋਜ਼ਾ ਸੰਸਕ੍ਰਿਤ ਗੋਸ਼ਟੀ ਦੇ ਉਦਘਾਟਨੀ ਸੈਸ਼ਨ ਵਿੱਚ ਬਤੌਰ ਮੁੱਖ ਮਹਿਮਾਨ ਸ਼ਿਰਕਤ ਕਰਦਿਆਂ ਓਹਨਾਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ, ਜਿਸ ਦੀ ਸਥਾਪਨਾ ਹੀ ਪੰਜਾਬੀ ਭਾਸ਼ਾ ਅਤੇ ਵਿਰਸੇ ਦੀ ਸੁਰੱਖਿਆ ਸੰਭਾਲ਼ ਲਈ ਹੋਈ ਏ, ਇਸ ਗੱਲ ਨੂੰ ਬਾਖ਼ੂਬੀ ਸਮਝ ਸਕਦੀ ਏ ਕਿ ਆਪਣੀ ਸੰਸਕ੍ਰਿਤੀ ਦੀ ਸਾਂਭ ਸੰਭਾਲ਼ ਦਾ ਕੀ ਮਹੱਤਵ ਏ । ਸੰਸਕ੍ਰਿਤ ਦੇ ਮਹੱਤਵ ਦੀ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਅੱਜ ਵੀ ਭਾਰਤ ਦੇ ਜ਼ਿਆਦਾਤਰ ਘਰਾਂ ਵਿੱਚ ਖੁਸ਼ੀ ਗਮੀ ਦੇ ਮੌਕੇ ਸ਼ਰਧਾ ਅਤੇ ਸਤਿਕਾਰ ਨਾਲ਼ ਸੰਸਕ੍ਰਿਤ ਦੇ ਸ਼ਲੋਕ ਪੜ੍ਹੇ ਜਾਂਦੇ ਨੇ. ਉਨ੍ਹਾਂ ਸੰਸਕ੍ਰਿਤ ਨੂੰ

ਪੁਰਾਤਨ ਗਿਆਨ ਦੀ ਭਾਸ਼ਾ ਦੱਸਦਿਆਂ ਕਿਹਾ ਕਿ ਗਣਿਤ ਤੋਂ ਲੈ ਕੇ ਖਗੋਲ ਸ਼ਾਸਤਰ ਤੱਕ ਦਾ ਗਿਆਨ ਇਸ ਭਾਸ਼ਾ ਵਿੱਚ ਉਪਲਬਧ ਏ।

---------------------------------------------------------

ਸਾਉਣੀ ਦੀਆਂ ਫ਼ਸਲਾਂ ਦੀ ਬਿਜਾਈ ਦੇ ਮੱਦੇਨਜ਼ਰ ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਖੇਤੀਬਾੜੀ ਵਿਭਾਗ ਨੂੰ ਹਦਾਇਤ ਕਰਦਿਆਂ ਕਿਹਾ ਏ ਕਿ ਕਿਸਾਨਾਂ ਨੂੰ ਖਾਦਾਂ ਦੀ ਲੋੜੀਂਦੀ ਸਪਲਾਈ ਯਕੀਨੀ ਬਣਾਈ ਜਾਵੇ। ਉਨ੍ਹਾਂ ਖਾਦਾਂ ਦੀ ਢੁੱਕਵੀਂ ਵੰਡ ਯਕੀਨੀ ਬਣਾਉਣ ਦੇ ਵੀ ਨਿਰਦੇਸ਼ ਦਿੱਤੇ।

---------------------------------------------------------

ਭਾਰਤ ਦੇ ਟੈਸਟ ਕਪਤਾਨ ਸ਼ੁਭਮਨ ਗਿੱਲ ਨੇ twenty -20 ਅੰਤਰਰਾਸ਼ਟਰੀ ਕ੍ਰਿਕੇਟ ਵਿੱਚ ਵਾਪਸੀ ਕੀਤੀ ਏ ਅਤੇ ਓਹਨਾਂ ਨੂੰ ਯੂਏਈ ਵਿੱਚ ਹੋਣ ਵਾਲੇ ਏਸ਼ੀਆ ਕੱਪ ਲਈ ਉਪ-ਕਪਤਾਨ ਨਿਯੁਕਤ ਕੀਤਾ ਗਿਆ ਏ। ਸੂਰਿਆਕੁਮਾਰ ਯਾਦਵ ਭਾਰਤੀ twenty -20 ਟੀਮ ਦੀ ਅਗਵਾਈ ਕਰਦੇ ਰਹਿਣਗੇ। ਟੀਮ ਵਿੱਚ ਸ਼ਾਮਿਲ ਹੋਣ ਵਾਲੇ ਹੋਰ ਖਿਡਾਰੀਆਂ ‘ਚ ਤੇਜ਼ ਗੇਂਦਬਾਜ਼ ਜਸਪ੍ਰੀਤ ਬੁਮਰਾਹ ਅਤੇ ਸਪਿਨਰ

ਕੁਲਦੀਪ ਯਾਦਵ ਨੇ, ਜੋ ਦੋਵੇਂ ਪਿਛਲੇ ਸਾਲ ਬਾਰਬਾਡੋਸ ਵਿੱਚ ਹੋਏ twenty -20 ਵਿਸ਼ਵ ਕੱਪ ਖਿਤਾਬ ਤੋਂ ਬਾਅਦ twenty -20 ਟੀਮ ਵਿੱਚ ਵਾਪਸ ਆਏ ਨੇ.

---------------------------------------------------------------

- ਭਾਜਪਾ ਦੇ ਬੁਲਾਰੇ ਸਈਦ ਜ਼ਫਰ ਇਸਲਾਮ ਨੇ ਅੱਜ ਦਾਅਵਾ ਕੀਤਾ ਏ ਕਿ ਵਿਸ਼ਵ ਵਿਆਪੀ ਉਤਰ ਚੜ੍ਹਾਅ ਦਰਮਿਆਨ ਭਾਰਤ ਸਭ ਤੋਂ ਘੱਟ ਪ੍ਰਭਾਵਿਤ ਰਹੇਗਾ।

- ਪੰਜਾਬ ਦੇ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਸੂਬੇ ਦੇ ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਬਾਰੇ ਉੱਚ-ਪੱਧਰੀ ਮੀਟਿੰਗ 'ਚ ਸਥਿਤੀ ਦਾ ਜਾਇਜ਼ਾ ਲਿਆ. ਭਾਖੜਾ ਬਿਆਸ ਪ੍ਰਬੰਧਨ ਬੋਰਡ ਵਲੋਂ ਫਲਡ ਗੇਟ ਖੋਲ੍ਹਣ ਦਾ ਫੈਸਲਾ – ਰੂਪਨਗਰ ਦੇ ਡਿਪਟੀ ਕਮਿਸ਼ਨਰ ਨੇ ਕਿਹਾ ਘਬਰਾਉਣ ਦੀ ਲੋੜ ਨਹੀਂ.

- ਕਪੂਰਥਲਾ ਜ਼ਿਲ੍ਹੇ ਵਿੱਚ ਬਿਆਸ ਦਰਿਆ ਦੇ ਕੰਢੇ ਬਣੇ ਧੁੱਸੀ ਬੰਨ੍ਹ ਤੇ ਐਡਵਾਂਸ ਬੰਨ੍ਹ ਪੂਰੀ ਤਰ੍ਹਾਂ ਸੁਰੱਖਿਅਤ. ਬਿਆਸ ਵਿਚ ਪਾਣੀ ਦੇ ਪੱਧਰ ਦੇ ਵਧਣ ਕਾਰਨ ਪ੍ਰਭਾਵਿਤ ਖੇਤਰਾਂ ਵਿਚ ਤੁਰੰਤ ਫੌਗਿੰਗ ਕਰਵਾਉਣ ਦੇ ਨਿਰਦੇਸ਼ ਦਿੱਤੇ ਗਏ.

- ਪੰਜਾਬ ਦੇ ਰਾਜਪਾਲ ਅਤੇ ਪੰਜਾਬੀ ਯੂਨੀਵਰਸਿਟੀ, Patiala ਦੇ ਚਾਂਸਲਰ ਸ੍ਰੀ. ਗੁਲਾਬ ਚੰਦ ਕਟਾਰੀਆ ਨੇ ਦੋ ਰੋਜ਼ਾ ਸੰਸਕ੍ਰਿਤ ਗੋਸ਼ਟੀ ਦੇ ਉਦਘਾਟਨੀ ਸੈਸ਼ਨ ਨੂੰ ਸੰਬੋਧਨ ਕੀਤਾ. ਓਹਨਾਂ ਕਿਹੈ ਕਿ ਅਤੀਤ ਨਾਲ਼ ਜੁੜੇ ਰਹਿ ਕੇ ਹੀ ਅਸੀਂ ਸਮਰੱਥ ਰਹਿ ਸਕਦੇ ਹਾਂ।

- ਯੂਏਈ ਵਿੱਚ ਹੋਣ ਵਾਲੇ ਏਸ਼ੀਆ ਕੱਪ ਲਈ twenty -20 ਟੀਮ ਦੀ ਕਪਤਾਨੀ ਸੂਰਿਆਕੁਮਾਰ ਯਾਦਵ ਕਰਨਗੇ . ਭਾਰਤ ਦੇ ਟੈਸਟ ਕਪਤਾਨ ਸ਼ੁਭਮਨ ਗਿੱਲ ਦੀ twenty -20

ਅੰਤਰਰਾਸ਼ਟਰੀ ਕ੍ਰਿਕੇਟ ਵਿੱਚ ਵਾਪਸੀ . ਏਸ਼ੀਆ ਕੱਪ ਲਈ ਉਪ-ਕਪਤਾਨ ਨਿਯੁਕਤ ਕੀਤਾ ਗਿਆ।

**ਇਸਦੇ ਨਾਲ ਪ੍ਰਦੇਸ਼ਿਕ ਖ਼ਬਰਾਂ ਦਾ ਇਹ ਬੁਲੇਟਿਨ ਖ਼ਤਮ ਹੋਇਆ, ਰਾਸ਼ਟਰੀ ਖ਼ਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**